**ਰਾਮਕਲੀ ਮਹਲਾ ੫ ॥ ਪਵਨੈ ਮਹਿ ਪਵਨੁ ਸਮਾਇਆ ॥ ਜੋਤੀ ਮਹਿ ਜੋਤਿ ਰਲਿ ਜਾਇਆ ॥ ਮਾਟੀ ਮਾਟੀ ਹੋਈ ਏਕ ॥ ਰੋਵਨਹਾਰੇ ਕੀ ਕਵਨ ਟੇਕ ॥੧॥ ਕਉਨੁ ਮੂਆ ਰੇ ਕਉਨੁ ਮੂਆ ॥ ਬ੍ਰਹਮ ਗਿਆਨੀ ਮਿਲਿ ਕਰਹੁ ਬੀਚਾਰਾ ਇਹੁ ਤਉ ਚਲਤੁ ਭਇਆ ॥੧॥ ਰਹਾਉ ॥ ਅਗਲੀ ਕਿਛੁ ਖਬਰਿ ਨ ਪਾਈ ॥ ਰੋਵਨਹਾਰੁ ਭਿ ਊਠਿ ਸਿਧਾਈ ॥ ਭਰਮ ਮੋਹ ਕੇ ਬਾਂਧੇ ਬੰਧ ॥ ਸੁਪਨੁ ਭਇਆ ਭਖਲਾਏ ਅੰਧ ॥੨॥ ਇਹੁ ਤਉ ਰਚਨੁ ਰਚਿਆ ਕਰਤਾਰਿ ॥ ਆਵਤ ਜਾਵਤ ਹੁਕਮਿ ਅਪਾਰਿ ॥ ਨਹ ਕੋ ਮੂਆ ਨ ਮਰਣੈ ਜੋਗੁ ॥ ਨਹ ਬਿਨਸੈ ਅਬਿਨਾਸੀ ਹੋਗੁ ॥੩॥ ਜੋ ਇਹੁ ਜਾਣਹੁ ਸੋ ਇਹੁ ਨਾਹਿ ॥ ਜਾਨਣਹਾਰੇ ਕਉ ਬਲਿ ਜਾਉ ॥ ਕਹੁ ਨਾਨਕ ਗੁਰਿ ਭਰਮੁ ਚੁਕਾਇਆ ॥ ਨਾ ਕੋਈ ਮਰੈ ਨ ਆਵੈ ਜਾਇਆ ॥੪॥੧੦॥** {ਪੰਨਾ 885}

ਪਦਅਰਥ:- ਪਵਨੈ ਮਹਿ—ਹਵਾ ਵਿਚ ਹੀ। ਪਵਨੁ—ਹਵਾ, ਸੁਆਸ। ਸਮਾਇਆ—ਮਿਲ ਜਾਂਦਾ ਹੈ। ਕਵਨ ਟੇਕ—ਕੇਹੜਾ ਆਸਰਾ? ਭੁਲੇਖੇ ਦੇ ਕਾਰਨ ਹੀ।1।

ਰੇ—ਹੇ ਭਾਈ! ਕਉਨੁ ਮੂਆ—(ਅਸਲ ਵਿਚ) ਕੋਈ ਭੀ ਨਹੀਂ ਮਰਦਾ। ਬ੍ਰਹਮ ਗਿਆਨੀ—ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਵਾਲਾ ਮਨੁੱਖ, ਗੁਰਮੁਖ, ਗੁਰੂ। ਮਿਲਿ—ਮਿਲ ਕੇ। ਤਉ—ਤਾਂ। ਚਲਤੁ—ਖੇਡ, ਤਮਾਸ਼ਾ।1। ਰਹਾਉ।

ਅਗਲੀ—ਅਗਾਂਹ ਵਰਤਣ ਵਾਲੀ। ਊਠਿ—ਉੱਠ ਕੇ। ਸਿਧਾਈ—ਚਲਾ ਜਾਂਦਾ ਹੈ। ਬੰਧ—ਬੰਧਨ। ਭਖਲਾਏ—ਬਰੜਾਉਂਦਾ ਹੈ। ਅੰਧ—(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ।2।

ਕਰਤਾਰਿ—ਕਰਤਾਰ ਨੇ। ਹੁਕਮਿ—(ਪ੍ਰਭੂ ਦੇ) ਹੁਕਮ ਵਿਚ ਹੀ। ਅਪਾਰਿ ਹੁਕਮਿ—ਕਦੇ ਖ਼ਤਮ ਨਾਹ ਹੋਣ ਵਾਲੇ ਹੁਕਮ ਦੀ ਰਾਹੀਂ {ਲਫ਼ਜ਼ 'ਅਪਾਰਿ' ਅਤੇ 'ਹੁਕਮਿ' ਇਕੋ ਹੀ 'ਕਾਰਕ' (Case) ਵਿਚ ਹਨ}।3।

ਜੋ—ਜਿਹੋ ਜਿਹਾ। ਜਾਣਹੁ—ਤੁਸੀ ਸਮਝਦੇ ਹੋ। ਇਹੁ—ਇਹ ਜੀਵਾਤਮਾ ਨੂੰ। ਸੋ—ਉਹੋ ਜਿਹਾ। ਕਉ—ਨੂੰ, ਤੋਂ। ਬਲਿ ਜਾਉ—ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ। ਗੁਰਿ—ਗੁਰੂ ਨੇ। ਭਰਮੁ—ਭੁਲੇਖਾ। ਆਵੈ—ਜੰਮਦਾ ਹੈ। ਜਾਇਆ—ਮਰਦਾ ਹੈ।4।

ਅਰਥ:- ਹੇ ਭਾਈ! (ਅਸਲ ਵਿਚ) ਕੋਈ ਭੀ ਜੀਵਾਤਮਾ ਮਰਦਾ ਨਹੀਂ, ਇਹ ਪੱਕੀ ਗੱਲ ਹੈ। ਜੇਹੜਾ ਕੋਈ ਗੁਰਮੁਖਿ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਉਸ ਨੂੰ ਮਿਲ ਕੇ (ਬੇ-ਸ਼ੱਕ) ਵਿਚਾਰ ਕਰ ਲਵੋ, (ਜੰਮਣ ਮਰਨ ਵਾਲੀ ਤਾਂ) ਇਹ ਇਕ ਖੇਡ ਬਣੀ ਹੋਈ ਹੈ।1। ਰਹਾਉ।

(ਹੇ ਭਾਈ! ਜਦੋਂ ਅਸੀਂ ਇਹ ਸਮਝਦੇ ਹਾਂ ਕਿ ਕੋਈ ਪ੍ਰਾਣੀ ਮਰ ਗਿਆ ਹੈ, ਅਸਲ ਵਿਚ ਇਹ ਹੁੰਦਾ ਹੈ ਕਿ ਉਸ ਦੇ ਪੰਜ-ਤੱਤੀ ਸਰੀਰ ਵਿਚੋਂ) ਸੁਆਸ ਹਵਾ ਵਿਚ ਮਿਲ ਜਾਂਦਾ ਹੈ, (ਸਰੀਰ ਦੀ) ਮਿੱਟੀ (ਧਰਤੀ ਦੀ) ਮਿੱਟੀ ਨਾਲ ਮਿਲ ਜਾਂਦੀ ਹੈ, ਜੀਵਾਤਮਾ (ਸਰਬ-ਵਿਆਪਕ) ਜੋਤਿ ਨਾਲ ਜਾ ਰਲਦਾ ਹੈ। (ਮੁਏ ਨੂੰ) ਰੋਣ ਵਾਲਾ ਭੁਲੇਖੇ ਦੇ ਕਾਰਨ ਹੀ ਰੋਂਦਾ ਹੈ।1।

(ਹੇ ਭਾਈ! ਕਿਸੇ ਦੇ ਸਰੀਰਕ ਵਿਛੋੜੇ ਤੇ ਰੋਣ ਵਾਲਾ ਪ੍ਰਾਣੀ ਉਸ ਵੇਲੇ) ਅਗਾਂਹ (ਸਦਾ) ਬੀਤਣ ਵਾਲੀ ਗੱਲ ਨਹੀਂ ਸਮਝਦਾ ਕਿ ਜੇਹੜਾ (ਹੁਣ ਕਿਸੇ ਦੇ ਵਿਛੋੜੇ ਤੇ) ਰੋ ਰਿਹਾ ਹੈ (ਆਖ਼ਰ) ਉਸ ਨੇ ਭੀ ਇਥੋਂ ਕੂਚ ਕਰ ਜਾਣਾ ਹੈ। (ਹੇ ਭਾਈ! ਜੀਵਾਂ ਨੂੰ) ਭਰਮ ਅਤੇ ਮੋਹ ਦੇ ਬੰਧਨ ਬੱਝੇ ਹੋਏ ਹਨ, (ਜੀਵਾਤਮਾ ਅਤੇ ਸਰੀਰ ਦਾ ਮਿਲਾਪ ਤਾਂ ਸੁਪਨੇ ਵਾਂਗ ਹੈ, ਇਹ ਆਖ਼ਰ) ਸੁਪਨਾ ਹੋ ਕੇ ਬੀਤ ਜਾਂਦਾ ਹੈ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ (ਵਿਅਰਥ ਹੀ) ਬਰੜਾਂਦਾ ਹੈ।2।

ਹੇ ਭਾਈ! ਇਹ ਜਗਤ ਤਾਂ ਕਰਤਾਰ ਨੇ ਇਕ ਖੇਡ ਰਚੀ ਹੋਈ ਹੈ। ਉਸ ਕਰਤਾਰ ਦੇ ਕਦੇ ਖ਼ਤਮ ਨਾਹ ਹੋਣ ਵਾਲੇ ਹੁਕਮ ਵਿਚ ਹੀ ਜੀਵ ਇਥੇ ਆਉਂਦੇ ਰਹਿੰਦੇ ਹਨ ਤੇ ਇਥੋਂ ਜਾਂਦੇ ਰਹਿੰਦੇ ਹਨ। ਉਂਞ ਕੋਈ ਭੀ ਜੀਵਾਤਮਾ ਕਦੇ ਮਰਦਾ ਨਹੀਂ ਹੈ, ਕਿਉਂਕਿ ਇਹ ਮਰਨ-ਜੋਗਾ ਹੀ ਨਹੀਂ। ਇਹ ਜੀਵਾਤਮਾ ਕਦੇ ਨਾਸ ਨਹੀਂ ਹੁੰਦਾ, ਇਸ ਦਾ ਅਸਲਾ ਜੁ ਸਦਾ ਕਾਇਮ ਰਹਿਣ ਵਾਲਾ ਹੀ ਹੋਇਆ।3।

ਹੇ ਭਾਈ! ਤੁਸੀ ਇਸ ਜੀਵਾਤਮਾ ਨੂੰ ਜਿਹੋ ਜਿਹਾ ਸਮਝ ਰਹੇ ਹੋ, ਇਹ ਉਹੋ ਜਿਹਾ ਨਹੀਂ ਹੈ। ਮੈਂ ਉਸ ਮਨੁੱਖ ਤੋਂ ਕੁਰਬਾਨ ਹਾਂ, ਜਿਸ ਨੇ ਇਹ ਅਸਲੀਅਤ ਸਮਝ ਲਈ ਹੈ। ਹੇ ਨਾਨਕ! ਆਖ—ਗੁਰੂ ਨੇ ਜਿਸ ਦਾ ਭੁਲੇਖਾ ਦੂਰ ਕਰ ਦਿੱਤਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ।4।10।